# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :03-01-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਦੇ ਰਾਏ ਪਿਥੋਰਾ ਸੱਭਿਆਚਾਰਕ ਕੰਪਲੈਕਸ ਵਿਖੇ ਭਗਵਾਨ ਬੁੱਧ ਨਾਲ ਸਬੰਧਤ ਪਵਿੱਤਰ ਪਿਪਰਹਵਾ ਅਵਸ਼ੇਸ਼ਾਂ ਦੀ ਵਿਸ਼ਾਲ ਅੰਤਰ-ਰਾਸ਼ਟਰੀ ਪ੍ਰਦਰਸ਼ਨੀ ਦਾ ਉਦਘਾਟਨ ਕੀਤਾ। ਪ੍ਰਪ੍ਰਦਰਸ਼ਨੀ ਦਾ ਸਿਰਲੇਖ "ਪ੍ਰਕਾਸ਼ ਔਰ ਕਮਲ: ਪ੍ਰਬੁੱਧ ਵਿਅਕਤੀ ਕੇ ਅਵਸ਼ੇਸ਼" ਰੱਖਿਆ ਗਿਆ ਏ । ਪ੍ਰਧਾਨ ਮੰਤਰੀ ਨੇ ਭਗਵਾਨ ਬੁੱਧ ਨਾਲ ਸਬੰਧਤ ਪ੍ਰਦਰਸ਼ਨੀ ਦੇ ਵੱਖ-ਵੱਖ ਹਿੱਸਿਆਂ ਦਾ ਵੀ ਦੌਰਾ ਕੀਤਾ। ਇਸ ਮੌਕੇ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਨੇ ਕਿਹਾ

:byte

1898 ਵਿੱਚ ਲੱਭੇ ਗਏ ਪਿਪਰਹਵਾ ਅਵਸ਼ੇਸ਼, ਸ਼ੁਰੂਆਤੀ ਬੁੱਧ ਧਰਮ ਦੇ ਪੁਰਾਤੱਤਵ ਅਧਿਐਨ ਵਿੱਚ ਇੱਕ ਮਹੱਤਵਪੂਰਨ ਸਥਾਨ ਰੱਖਦੇ ਨੇ । ਇਹ ਭਗਵਾਨ ਬੁੱਧ ਨਾਲ ਸਿੱਧੇ ਤੌਰ 'ਤੇ ਜੁੜੇ ਸਭ ਤੋਂ ਪ੍ਰਾਚੀਨ ਅਤੇ ਇਤਿਹਾਸਕ ਤੌਰ 'ਤੇ ਮਹੱਤਵਪੂਰਨ ਅਵਸ਼ੇਸ਼ਾਂ ਵਿੱਚੋਂ ਇੱਕ ਨੇ ।

ਪੁਰਾਤੱਤਵ ਸਬੂਤ ਪਿਪਰਹਵਾ ਸਥਾਨ ਨੂੰ ਪ੍ਰਾਚੀਨ ਕਪਿਲਵਸਤੂ ਨਾਲ ਜੋੜਦੇ ਨੇ ਉਹ ਸਥਾਨ ਜਿੱਥੇ ਭਗਵਾਨ ਬੁੱਧ ਨੇ ਆਪਣਾ ਮੁੱਢਲਾ ਜੀਵਨ ਬਿਤਾਇਆ ਸੀ। ਪਿਪ੍ਰਹਵਾ ਅਵਸ਼ੇਸ਼ਾਂ ਨੂੰ ਇੱਕ ਸਦੀ ਤੋਂ ਵੱਧ ਸਮੇਂ ਬਾਅਦ ਭਾਰਤ ਵਾਪਸ ਲਿਆਂਦਾ ਗਿਆ ਏ । ਪਿਪ੍ਰਹਵਾ ਅਵਸ਼ੇਸ਼ਾਂ ਦੇ ਕੁਝ ਹਿੱਸੇ ਨਵੀਂ ਦਿੱਲੀ ਦੇ ਰਾਸ਼ਟਰੀ ਅਜਾਇਬ ਘਰ ਅਤੇ ਕੋਲਕਾਤਾ ਦੇ ਭਾਰਤੀ ਅਜਾਇਬ ਘਰ ਵਿੱਚ ਸੁਰੱਖਿਅਤ ਰੱਖੇ ਗਏ ਸਨ। ਇਹ ਅਵਸ਼ੇਸ਼ ਇਸ ਪ੍ਰਦਰਸ਼ਨੀ ਵਿੱਚ ਪ੍ਰਦਰਸ਼ਿਤ ਕੀਤੇ ਗਏ ਨੇ । ਇਹ ਪ੍ਰਦਰਸ਼ਨੀ ਭਗਵਾਨ ਬੁੱਧ ਦੀਆਂ ਸਿੱਖਿਆਵਾਂ ਨਾਲ ਭਾਰਤ ਦੇ ਡੂੰਘੇ ਅਤੇ ਨਿਰੰਤਰ ਸੱਭਿਅਤਾ ਦੇ ਸਬੰਧ ਨੂੰ ਉਜਾਗਰ ਕਰਦੀ ਏ ਅਤੇ ਭਾਰਤ ਦੀ ਅਮੀਰ ਅਧਿਆਤਮਿਕ ਅਤੇ ਸੱਭਿਆਚਾਰਕ ਵਿਰਾਸਤ ਨੂੰ ਸੁਰੱਖਿਅਤ ਰੱਖਣ ਲਈ ਪ੍ਰਧਾਨ ਮੰਤਰੀ ਦੀ ਵਚਨਬੱਧਤਾ ਨੂੰ ਦਰਸਾਉਂਦੀ ਏ ।

--------------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ਹੀਦ ਭਗਤ ਸਿੰਘ ਅੰਤਰ-ਰਾਸ਼ਟਰੀ ਹਵਾਈ ਅੱਡੇ ਤੋਂ ਹੋਰ ਅੰਤਰ-ਰਾਸ਼ਟਰੀ ਉਡਾਣਾਂ ਸ਼ੁਰੂ ਕਰਨ ਦੀ ਵਕਾਲਤ ਕਰਦਿਆਂ ਕਿਹਾ ਕਿ ਵਿਦੇਸ਼ੀ ਕਾਰਜਾਂ ਦਾ ਵਿਸਤਾਰ ਕਰਨ ਨਾਲ ਪੂਰੇ ਖਿੱਤੇ ਵਿੱਚ ਆਰਥਿਕ ਗਤੀਵਿਧੀਆਂ, ਸੈਰ-ਸਪਾਟਾ ਅਤੇ ਨਿਵੇਸ਼ ਨੂੰ ਉਤਸ਼ਾਹ ਮਿਲੇਗਾ।ਮੁੱਖ ਮੰਤਰੀ ਨੇ ਇਹ ਗੱਲ ਚੰਡੀਗੜ੍ਹ ਕੌਮਾਂਤਰੀ ਹਵਾਈ ਅੱਡਾ ਲਿਮਟਿਡ ਵੱਲੋਂ ਪੰਜਾਬ ਸਰਕਾਰ ਨੂੰ

19 ਕਰੋੜ ਰੁਪਏ ਦਾ ਅੰਤਰਿਮ ਲਾਭਅੰਸ਼ ਸੌਂਪਣ ਸਮੇਂ ਕੀਤੀ । ਉਨ੍ਹਾਂ ਕਿਹਾ ਕਿ ਮੋਹਾਲੀ ਤੋਂ ਮਜ਼ਬੂਤ ਆਲਮੀ ਹਵਾਈ ਸੰਪਰਕ ਉੱਦਮੀਆਂ ਅਤੇ ਵਪਾਰੀਆਂ ਲਈ ਪਹੁੰਚ ਨੂੰ ਆਸਾਨ ਬਣਾਉਣ ਦੇ ਨਾਲ-ਨਾਲ ਸੂਬੇ ਦੇ ਨੌਜਵਾਨਾਂ ਲਈ ਰੋਜ਼ਗਾਰ ਪੈਦਾ ਕਰੇਗਾ ਅਤੇ ਪੰਜਾਬ ਨੂੰ ਅੰਤਰ-ਰਾਸ਼ਟਰੀ ਕਾਰੋਬਾਰ ਅਤੇ ਸੈਰ-ਸਪਾਟੇ ਲਈ ਪਸੰਸਦੀਦਾ ਸਥਾਨ ਵਜੋਂ ਸਥਾਪਤ ਕਰੇਗਾ। ਅਧਿਕਾਰੀਆਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਅੰਤਰਰਾਸ਼ਟਰੀ ਹਵਾਈ ਅੱਡੇ ਦਾ ਨਿਰੰਤਰ ਵਿਕਾਸ, ਕੇਂਦਰ ਅਤੇ ਪੰਜਾਬ ਸਰਕਾਰਾਂ ਵਿਚਕਾਰ ਮਜ਼ਬੂਤ ਭਾਈਵਾਲੀ ਨੂੰ ਦਰਸਾਉਂਦਾ ਏ । ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਮੋਹਾਲੀ ਤੋਂ ਅੰਤਰਰਾਸ਼ਟਰੀ ਕਾਰਜਾਂ ਦਾ ਵਿਸਥਾਰ ਕਰਨ ਲਈ ਵਚਨਬੱਧ ਏ ਤਾਂ ਜੋ ਸੂਬੇ ਨੂੰ ਵਿਸ਼ਵ ਦੀਆਂ ਵੱਖ-ਵੱਖ ਥਾਵਾਂ ਨਾਲ ਜੋੜਿਆ ਜਾ ਸਕੇ। ਮੁੱਖ ਮੰਤਰੀ ਨੇ ਕਿਹਾ ਕਿ ਇਹ ਖਿੱਤੇ ਅਤੇ ਵਿਸ਼ਵ ਦੇ ਉੱਦਮੀਆਂ, ਵਪਾਰੀਆਂ ਅਤੇ ਉਦਯੋਗਪਤੀਆਂ ਦੀ ਸੂਬੇ 'ਚ ਸੁਖਾਲੀ ਆਵਾਜਾਈ ਵਿੱਚ ਵੀ ਮਦਦ ਕਰੇਗਾ, ਜਿਸ ਨਾਲ ਖੇਤਰ ਵਿੱਚ ਵਪਾਰ, ਵਣਜ ਅਤੇ ਆਰਥਿਕ ਗਤੀਵਿਧੀਆਂ ਨੂੰ ਹੁਲਾਰਾ ਮਿਲੇਗਾ।

----------------------------------------------------------------------

ਪੰਜਾਬ ਸਰਕਾਰ ਨੇ 2010 ਬੈਚ ਦੇ ਆਈ.ਏ.ਐਸ. ਅਧਿਕਾਰੀਆਂ ਘਣਸ਼ਿਆਮ ਥੋਰੀ, ਕੁਮਾਰ ਅਮਿਤ ਅਤੇ ਵਿਮਲ ਕੁਮਾਰ ਸੇਤੀਆ ਨੂੰ

ਤਰੱਕੀ ਦਿੱਤੀ ਏ । ਸਰਕਾਰੀ ਬੁਲਾਰੇ ਨੇ ਦੱਸਿਆ ਕਿ ਇਨ੍ਹਾਂ ਅਧਿਕਾਰੀਆਂ ਨੂੰ ਪੰਜਾਬ ਸਰਕਾਰ ਦੇ ਸਕੱਤਰ ਵਜੋਂ ਨਿਯੁਕਤ ਕੀਤਾ ਜਾਵੇਗਾ। ਸੂਬਾ ਸਰਕਾਰ ਨੇ ਰਾਜ ਦੇ 12 ਆਈ.ਪੀ.ਐਸ. ਅਧਿਕਾਰੀਆਂ ਨੂੰ ਵੀ ਡਿਪਟੀ ਇੰਸਪੈਕਟਰ ਜਨਰਲ ਆਫ ਪੁਲੀਸ ਦੇ ਰੈਂਕ 'ਤੇ ਤਰੱਕੀ ਦਿੱਤੀ ਗਈ ਏ । ਇਹ ਤਰੱਕੀਆਂ ਇਸ ਸਾਲ ਪਹਿਲੀ ਜਨਵਰੀ ਤੋਂ ਪ੍ਰਭਾਵੀ ਮੰਨੀਆਂ ਜਾਣਗੀਆਂ।

---------------------------------------------------------------------

ਪੰਜਾਬ ਸਰਕਾਰ ਵੱਲੋਂ ਗਣਤੰਤਰ ਦਿਵਸ ਦੇ ਸਮਾਗਮਾਂ ਦਾ ਪ੍ਰੋਗਰਾਮ ਜਾਰੀ ਕਰ ਦਿੱਤਾ ਗਿਆ ਏ। ਸੂਬਾ ਪੱਧਰੀ ਸਮਾਗਮ ਪਟਿਆਲਾ ਵਿਖੇ ਹੋਵੇਗਾ ਜਿੱਥੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਰਾਸ਼ਟਰੀ ਝੰਡਾ ਲਹਿਰਾਉਣਗੇ ਅਤੇ ਮਾਰਚ ਪਾਸਟ ਤੋਂ ਸਲਾਮੀ ਲੈਣਗੇ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹੁਸ਼ਿਆਰਪੁਰ ਵਿਖੇ ਜਦੋਂ ਕਿ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਸੰਗਰੂਰ ਤੇ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕਿਸ਼ਨ ਰੋੜੀ ਬਰਨਾਲਾ ਵਿਖੇ ਕੌਮੀ ਝੰਡਾ ਲਹਿਰਾਉਣਗੇ। ਵੱਖ-ਵੱਖ ਜ਼ਿਲਿਆਂ ਵਿੱਚ ਹੋਣ ਵਾਲੇ ਸਮਾਗਮਾਂ ਅਤੇ ਮੁੱਖ ਮਹਿਮਾਨਾਂ ਦੇ ਵੇਰਵੇ ਜਾਰੀ ਕਰਦਿਆਂ ਬੁਲਾਰੇ ਨੇ ਦੱਸਿਆ ਕਿ ਇਸੇ ਤਰਾਂ ਵੱਖ ਵੱਖ ਕੈਬਿਨੇਟ ਮੰਤਰੀਆਂ ਵਲੋਂ ਹੋਰਨਾਂ ਜ਼ਿਲਿਆਂ ਵਿਚ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ

ਜਾਵੇਗੀ ।

---

ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੇ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਜ਼ਿਲੇ ਨੂੰ ਨਸ਼ਾ ਮੁਕਤ ਬਣਾਉਣ ਲਈ ਵਿੱਢੀ ਗਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਦੇ ਦੂਜੇ ਗੇੜ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ I ਕੱਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਸਮੀਖਿਆ ਮੀਟਿੰਗ ਵਿੱਚ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਇਸ ਮੁਹਿੰਮ ਦਾ ਦੂਜਾ ਗੇੜ 10 ਜਨਵਰੀ ਤੋਂ ਸ਼ੁਰੂ ਕੀਤਾ ਜਾ ਰਿਹਾ ਏ। ਪਹਿਲੇ ਗੇੜ ਦੌਰਾਨ ਤਨਦੇਹੀ ਨਾਲ ਕੰਮ ਕਰਨ ਵਾਲੇ ਜ਼ਿਲ੍ਹਾ ਨਿਵਾਸੀਆਂ, ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਦਾ ਵਿਸ਼ੇਸ਼ ਧੰਨਵਾਦ ਕੀਤਾ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਦੇ ਸਮੂਹ ਪਿੰਡਾਂ ਅਤੇ ਸ਼ਹਿਰਾਂ ਦੇ ਵਾਰਡਾਂ ਵਿੱਚ ਵਿਆਪਕ ਪੱਧਰ 'ਤੇ ਪੈਦਲ ਯਾਤਰਾਵਾਂ ਕੱਢੀਆਂ ਜਾਣਗੀਆਂ ਅਤੇ ਇਨ੍ਹਾਂ ਯਾਤਰਾਵਾਂ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਬਾਰੇ ਜਾਗਰੂਕ ਕਰਨਾ ਅਤੇ ਉਨ੍ਹਾਂ ਨੂੰ ਖੇਡਾਂ ਤੇ ਉਸਾਰੂ ਕੰਮਾਂ ਨਾਲ ਜੋੜਨਾ ਏ।

---

ਲੁਧਿਆਣਾ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਕੇਂਦਰੀ ਜੇਲ੍ਹ,

ਬੋਰਸਟਲ ਜੇਲ੍ਹ ਅਤੇ ਜਨਾਨਾ ਜੇਲ੍ਹ ਵਿਖੇ ਨਸ਼ਿਆਂ ਵਿਰੋਧੀ ਜਾਗਰੂਕਤਾ ਕੈਂਪ ਲਗਾਏ ਲਾਕੇ ਨਸ਼ਿਆਂ ਦੇ ਦੇ ਮਾੜੇ ਪ੍ਰਭਾਵ ਬਾਰੇ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ "ਨੌਜਵਾਨ ਨਸ਼ਿਆਂ ਖਿਲਾਫ ਮੁਹਿੰਮ' ਤਹਿਤ ਜ਼ਿਲ੍ਹਾ ਲੁਧਿਆਣਾ ਦੀਆਂ ਸਬ-ਡਵੀਜ਼ਨਾਂ ਵਿੱਚ ਲੋਕਾਂ ਨੂੰ ਨਸ਼ਿਆਂ ਵਿਰੁੱਧ ਪ੍ਰਚਾਰ ਸਮੱਗਰੀ ਵੰਡੀ ਗਈ। ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਕੱਤਰ ਸੁਮਿਤ ਸੱਭਰਵਾਲ ਨੇ ਦਸਿਆ ਕਿ ਮੁਹਿੰਮ ਤਹਿਤ ਜਾਰੀ ਕੀਤੇ ਟੋਲ ਫ੍ਰੀ ਨੰਬਰ 15100 ਬਾਰੇ ਵੀ ਲੋਕਾਂ ਨੂੰ ਜਾਣੂ ਕਰਵਾਇਆ ਗਿਆ ਏ । ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਅਗਵਾਈ ਵਿੱਚ ਵੱਖ-ਵੱਖ ਸਕੂਲਾਂ, ਕਾਲਜਾਂ ਵਿੱਚ ਜਾ ਕੇ ਵਕੀਲਾਂ, ਪੈਰਾ ਲੀਗਲ ਵਲੰਟੀਅਰਾਂ, ਪੈਨਲ ਵਕੀਲਾਂ ਵੱਲੋਂ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਏ । ਸਕੂਲਾਂ ਕਾਲਜ਼ਾਂ ਵਿੱਚ ਜਾਗਰੂਕਤਾ ਰੈਲੀਆਂ ਕੱਢੀਆਂ ਜਾ ਰਹੀਆਂ ਨੇ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ ਜਾ ਰਹੇ ਨੇ ।

---

ਜਿਲ੍ਹਾ ਅੰਮ੍ਰਿਤਸਰ ਵਿੱਚ ਬੱਚਿਆਂ ਦੇ ਭੀਖ ਮੰਗਣ ਅਤੇ ਸ਼ੋਸ਼ਣ ਨੂੰ ਰੋਕਣ ਦੇ ਉਦੇਸ਼ ਨਾਲ, ਪ੍ਰੋਜੈਕਟ ਜੀਵਨਜੋਤ ਤਹਿਤ ਜਿਲ੍ਹਾ ਪ੍ਰਸਾਸ਼ਨ ਵੱਲੋਂ ਵਿਸ਼ੇਸ਼ ਮੁਹਿੰਮ ਚਲਾਈ ਗਈ ਏ ।

ਇਸ ਵਿਸ਼ੇਸ਼ ਮੁਹਿੰਮ ਤਹਿਤ ਜਿਲ੍ਹਾ ਪ੍ਰੋਗਰਾਮ ਅਫਸਰ ਦੀ ਅਗਵਾਈ ਹੇਠ ਅਤੇ ਜਿਲ੍ਹਾ ਕਾਰਜ ਬਲ ਦੇ ਸਹਿਯੋਗ ਨਾਲ ਅੰਮ੍ਰਿਤਸਰ ਸ਼ਹਿਰ ਦੇ ਵੱਖ-ਵੱਖ ਥਾਵਾਂ 'ਤੇ ਛਾਪੇ ਮਾਰੇ ਗਏ I ਛਾਪੇਆ ਦੌਰਾਨ ਕੋਈ ਵੀ ਬੱਚਾ ਭੀਗ ਮੰਗਦਾ ਨਹੀਂ ਪਾਇਆ ਗਿਆ। ਜਿਲ੍ਹਾ ਪ੍ਰੋਗਰਾਮ ਅਫਸਰ, ਗੁਰਮੀਤ ਸਿੰਘ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇ ਉਹ ਕਿਸੇ ਵੀ ਥਾਂ ਤੇ ਬੱਚਿਆਂ ਨੂੰ ਭੀਖ ਮੰਗਦੇ ਹੋਏ ਜਾਂ ਕਿਸੇ ਹੋਰ ਤਰ੍ਹਾਂ ਦੇ ਸ਼ੋਸ਼ਣ ਦਾ ਸ਼ਿਕਾਰ ਹੁੰਦੇ ਵੇਖਣ ਤਾਂ ਤੁਰੰਤ ਜਿਲ੍ਹਾ ਬਾਲ ਸੁਰੱਖਿਆ ਯੂਨਿਟ ਨੂੰ ਸੂਚਿਤ ਕੀਤਾ ਜਾਵੇ ।

-----------------------------------------------------------------

ਏਧਰ ਜਲੰਧਰ 'ਚ ਬਾਲ ਭਿੱਖਿਆ ਰੋਕਣ ਬਾਰੇ ਕਾਰਜ ਬਲ ਨੇ ਕੱਲ ਬੀ.ਐਮ.ਸੀ.ਚੌਕ, ਗੁਰੂ ਨਾਨਕ ਮਿਸ਼ਨ ਚੌਕ ਅਤੇ ਮਾਡਲ ਟਾਊਨ ਵਿੱਚ ਛਾਪੇਮਾਰੀ ਕੀਤੀ ਅਤੇ ਇਸ ਦੌਰਾਨ ਭੀਖ ਮੰਗਦੀ ਇਕ ਬੱਚੀ ਨੂੰ ਰੈਸਕਿਊ ਕੀਤਾ ਗਿਆ।ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਮਨਜਿੰਦਰ ਸਿੰਘ ਨੇ ਦੱਸਿਆ ਕਿ ਭੀਖ ਮੰਗਦੇ ਬੱਚਿਆਂ ਨੂੰ ਰੈਸਕਿਊ ਕਰਕੇ ਬਾਲ ਭਲਾਈ ਕਮੇਟੀਆਂ ਨੂੰ ਸੌਂਪਿਆ ਜਾ ਰਿਹਾ ਏ । ਉਨ੍ਹਾਂ ਦੱਸਿਆ ਕਿ ਇਸ ਮੌਕੇ ਵੱਖ-ਵੱਖ ਟੀਮਾਂ ਨੇ ਆਮ ਲੋਕਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਬੱਚਿਆਂ ਦੇ ਅਧਿਕਾਰਾਂ, ਸਿੱਖਿਆ ਦੀ ਮਹੱਤਤਾ ਅਤੇ ਬੱਚਿਆਂ ਨਾਲ ਹੋ ਰਹੇ ਅਪਰਾਧਾਂ ਬਾਰੇ, ਬਾਲ ਮਜ਼ਦੂਰੀ, ਬਾਲ ਭਿਖਿਆ, ਬੱਚਿਆਂ ਨਾਲ

ਛੇੜਛਾੜ ਅਤੇ ਜਿਣਸੀ ਸ਼ੋਸ਼ਣ ਵਰਗੀਆਂ ਬੁਰਾਈਆਂ ਬਾਰੇ ਵੀ ਜਾਗਰੂਕ ਕੀਤਾ ਏ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇ ਕਿਸੇ ਨੂੰ ਬਾਲ ਭਿੱਖਿਆ, ਕਿਸੇ ਵੀ ਮੁਸੀਬਤ ਵਿੱਚ ਫਸੇ ਬੱਚੇ ਬਾਰੇ ਜਾਣਕਾਰੀ ਮਿਲੇ, ਤਾਂ ਤੁਰੰਤ ਚਾਈਲਡ ਹੈਲਪਲਾਈਨ ਨੰਬਰ 1098 ’ਤੇ ਜਾਣਕਾਰੀ ਦਿੱਤੀ ਜਾ ਸਕਦੀ ਏ।

---------------------------------------------------------------------

ਮੌਸਮ ਵਿਭਾਗ ਨੇ 9 ਤਰੀਕ ਤੱਕ ਪੰਜਾਬ, ਹਰਿਆਣਾ, ਚੰਡੀਗੜ੍ਹ , ਦਿੱਲੀ, ਅਤੇ ਉੱਤਰ ਪ੍ਰਦੇਸ਼ ਵਿੱਚ ਸੰਘਣੀ ਧੁੰਦ ਲਈ ਰੈੱਡ ਅਲਰਟ ਜਾਰੀ ਕੀਤਾ ਏ।ਹਿਮਾਚਲ ਪ੍ਰਦੇਸ਼ ਦੇ ਕੁਝ ਇਲਾਕਿਆਂ ਵਿੱਚ ਵੀ ਸ਼ੀਤ ਲਹਿਰ ਅਤੇ ਉਤਰਾਖੰਡ ਵਿੱਚ ਠੰਢ ਦੀ ਸੰਭਾਵਨਾ ਜਤਾਈ ਗਈ ਏ। ਰਾਸ਼ਟਰੀ ਰਾਜਧਾਨੀ ਖੇਤਰ ਅਤੇ ਦਿੱਲੀ ਵਿੱਚ ਸੰਘਣੀ ਧੁੰਦ ਨੇ ਕਈ ਉਡਾਣਾਂ ਅਤੇ ਰੇਲਗੱਡੀਆਂ ਨੂੰ ਪ੍ਰਭਾਵਿਤ ਕੀਤਾ ਏ। ਇੰਦਰਾ ਗਾਂਧੀ ਅੰਤਰ-ਰਾਸ਼ਟਰੀ ਹਵਾਈ ਅੱਡੇ 'ਤੇ ਘੱਟ ਦਿਖਤਾ ਕਾਰਨ 72 ਉਡਾਣਾਂ ਰੱਦ ਕਰ ਦਿੱਤੀਆਂ ਗਈਆਂ। ਅੱਜ ਦਿੱਲੀ ਜਾਣ ਵਾਲੀਆਂ ਕਈ ਰੇਲਗੱਡੀਆਂ ਵੀ ਪ੍ਰਭਾਵਿਤ ਹੋਈਆਂ, ਅੱਠ ਰੇਲਗੱਡੀਆਂ ਤਿੰਨ ਘੰਟੇ ਤੋਂ ਵੱਧ ਦੇਰੀ ਨਾਲ ਚੱਲੀਆਂ।ਏਧਰ ਮੌਸਮ ਵਿਭਾਗ ਨੇ ਪੰਜਾਬ ਵਿਚ ਹੋਰ ਮੀਂਹ ਪੈਣ ਦੀ ਸੰਭਾਵਨਾ ਪ੍ਰਗਟ ਕੀਤੀ ਏ I ਪੰਜਾਬ ਖੇਤੀਬਾੜੀ

ਯੂਨੀਵਰਸਿਟੀ ਲੁਧਿਆਣਾ ਦੇ ਬਠਿੰਡਾ ਸਥਿਤ ਖੇਤਰੀ ਖੋਜ਼ ਕੇਂਦਰ ਦੇ ਵਿਗਿਆਨੀ ਡਾ. ਜੀ.ਐਸ ਰੋਮਾਣਾ ਨੇ ਕਿਹਾ ਕਿ ਮੀਂਹ ਪੈਣ ਦੀ ਸੰਭਾਵਨਾ ਕਿਸਾਨੀ ਲਈ ਚੰਗੀ ਏ ਅਤੇ ਇਸ ਵੇਲੇ ਹਾੜ੍ਹੀ ਦੀਆਂ ਸਾਰੀਆਂ ਨੂੰ ਫਸਲਾਂ ਲਈ ਭਰਵੇਂ ਮੀਂਹ ਦੀ ਲੋੜ ਏ। ਡਾ. ਰੋਮਾਣਾ ਦਾ ਕਹਿਣਾ ਏ ਕਿ ਮੀਂਹ ਤੋਂ ਬਿਨਾਂ ਕਣਕ ਦੀ ਫ਼ਸਲ ਦਾ ਫੁਟਾਰਾ ਨਹੀਂ ਹੁੰਦਾ ਅਤੇ ਇਹ ਫੁਟਾਰਾ ਹੀ ਹਾੜੀ ਦੀ ਇਸ ਮੁੱਖ ਫ਼ਸਲ ਦੇ ਭਰਵੇਂ ਝਾੜ ਦੀ ਨਿਸ਼ਾਨੀ ਏ ।